**ਦਫਤਰ ਜਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।**
**(ਫੁਟਕਲ ਸ਼ਾਖਾ)**

**ਫੌਜ਼ਦਾਰੀ ਧਾਰਾ 144 ਅਧੀਨ ਹੁਕਮ**

ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਡਵੀਜ਼ਨ ਨੰ: 3, ਸਾਹਿਬਜਾਦਾ ਅਜੀਤ ਸਿੰਘ ਨਗਰ ਵੱਲੋਂ ਪੱਤਰ ਨੰਬਰ 559 ਮਿਤੀ 28/01/2019 ਰਾਹੀਂ ਮੇਰੇ ਧਿਆਨ ਵਿੱਚ ਲਿਆਦਾ ਗਿਆ ਹੈ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਕਰਮਚਾਰੀ ਯੂਨੀਅਨ ਅਤੇ ਹੋਰ ਕਈ ਯੂਨੀਅਨਾ ਵੱਲੋ ਆਮ ਤੌਰ ਤੇ ਬਾਰ-ਬਾਰ ਫੇਜ਼ 1 ਵਿੱਚ ਇਸ ਵਿਭਾਗ ਦੇ ਦਫਤਰ ਦੇ ਅੱਗੇ ਅਤੇ ਨੇੜੇ ਧਰਨੇ ਤੇ ਮੁਜਾਹਰੇ ਕੀਤੇ ਜਾਂਦੇ ਹਨ। ਇਸ ਕੰਪਲੈਕਸ ਵਿੱਚ ਦੋ ਹੋਰ ਡਵੀਜ਼ਨਾ ਵੀ ਹਨ। ਉਨ੍ਹਾਂ ਵੱਲੋਂ ਅਜਿਹਾ ਕਰਨ ਕਰਕੇ ਦਫ਼ਤਰ ਵਿੱਚ ਕੰਮ ਕਰਦੇ ਕਰਮਚਾਰੀਆਂ ਅਤੇ ਆਮ ਜਨਤਾ ਨੂੰ ਦਫਤਰ ਵਿੱਚ ਆਉਣ ਵਿੱਚ ਮੁਸ਼ਕਲ ਪੇਸ਼ ਆਉਂਦੀ ਹੈ। ਇਸ ਤੋਂ ਇਲਾਵਾ ਜਾਨੀ-ਮਾਲੀ ਨੁਕਸਾਨ ਹੋ ਸਕਦਾ ਹੈ ਅਤੇ ਇਸ ਨਾਲ ਅਮਨ ਤੇ ਕਾਨੂੰਨ ਦੀ ਸਥਿੱਤੀ ਵੀ ਭੰਗ ਹੋ ਸਕਦੀ ਹੈ। ਇਸ ਸਾਰੀ ਸਥਿੱਤੀ ਦੇ ਮੱਦੇ ਨਜ਼ਰ ਇਨ੍ਹਾਂ ਕਾਰਵਾਈਆਂ ਨੂੰ ਰੋਕਣ ਦੀ ਸਖਤ ਜ਼ਰੂਰਤ ਹੈ।

ਇਸ ਲਈ ਮੈਂ, ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਫੇਜ਼ 1, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਸਥਿਤ ਦਫਤਰ ਦੇ ਆਸ-ਪਾਸ ਦੇ ਏਰੀਆ ਵਿੱਚ ਧਰਨੇ/ਰੈਲੀਆਂ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦੀ ਹਾਂ ਤਾਂ ਜ਼ੋ ਅਮਨ ਤੇ ਕਾਨੂੰਨ ਦੀ ਵਿਵਸਥਾ ਕਾਇਮ ਰੱਖੀ ਜਾ ਸਕੇ।

ਇਹ ਹੁਕਮ ਮਿਤੀ 29/01/2019 ਤੋਂ 28/03/2019 ਤੱਕ ਉਕਤ ਦਰਸਾਏ ਸਥਾਨ ਤੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ। ਸੀਨੀਅਰ ਕਪਤਾਨ ਪੁਲਿਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਇਸ ਹੁਕਮ ਦੀ ਪਾਲਣਾ ਕੀਤੀ ਜਾਣੀ ਯਕੀਨੀ ਬਨਾਉਣਗੇ।

ਇਸ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਫਸਰ, ਐਸ.ਏ.ਐਸ ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆਂ ਚਸਪਾ ਕਰਕੇ ਰੇਡੀਉ ਟੈਲੀਵਿਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 29/01/2019 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ
**ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ.,**
**ਜ਼ਿਲ੍ਹਾ ਮੈਜਿਸਟਰੇਟ,**
**ਸਾਹਿਬਜ਼ਾਦਾ ਅਜੀਤ ਸਿੰਘ ਨਗਰ।**

ਪਿੱਠ ਅੰਕਣ ਨੰ: 1478-1557 /ਐਮ.ਸੀ-1 ਮਿਤੀ: 29/01/2019

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਜ ਰੂਪਨਗਰ।
5. ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।
6. ਮੁੱਖ ਪ੍ਰਸਾਸ਼ਕ, ਗਮਾਡਾ/ਪੁੱਡਾ, ਸਾਹਿਬਜਾਦਾ ਅਜੀਤ ਸਿੰਘ ਨਗਰ।
7. ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।
8. ਮੁੱਖ ਇੰਜੀਨੀਅਰ, ਵਾਟਰ ਰਿਸੋਰਸਿਜ਼ ਭਵਨ, ਪੰਜਾਬ ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਮੁੱਖ ਵਣ ਪਾਲ, ਵਣ ਭਵਨ, ਪੰਜਾਬ, ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
10. ਜਿਲਾ ਅਤੇ ਸ਼ੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਸਕੱਤਰ,ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
14. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
15. ਵਧੀਕ ਮੁੱਖ ਪ੍ਰਸ਼ਾਸਕ, ਗਮਾਡਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
16. ਰਜਿਸਟਰਾਰ, ਪੰਜਾਬ ਮੈਡੀਕਲ ਕੌਸਲ, ਸੈਕਟਰ-69, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
17. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
18. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
19. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
20. ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
21. ਜੀ.ਐਮ., ਬੀ.ਐਸ.ਐਨ.ਐਲ., ਫੇਜ-4, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
22. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
23. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
24. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
25. ਕਾਰਜਕਾਰੀ ਇੰਜੀਨੀਅਰ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰ: 1, 2 ਅਤੇ 3, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
26. ਕਾਰਜਕਾਰੀ ਇੰਜੀਨੀਅਰ, ਕੇਂਦਰੀ ਕਾਰਜ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
27. ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
28. ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
26. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
27. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕੁਪਰ, ਬਨੂੜ ਅਤੇ ਲਾਲੜੂ।
28. ਜਿਲਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
29. ਸਕੱਤਰ, ਮਾਰਕੀਟ ਕਮੇਟੀ, ਖਰੜ, ਡੇਰਾਬਸੀ, ਕੁਰਾਲੀ, ਲਾਲੜੂ ਅਤੇ ਬਨੂੰੜ।
30. ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
31. ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਾਇਮਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
32. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ.(ਜ)/ਸਟੈਨੋ ਟੂ ਸ:ਕ:(ਜ:/ਸਿ:) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

ਸਹਾਇਕ ਕਮਿਸ਼ਨਰ (ਜ),
ਵਾ: ਡਿਪਟੀ ਕਮਿਸ਼ਨਰ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।